**ਗਉੜੀ਼ ਮਹਲਾ ੫ ॥ ਅਉਧ ਘਟੈ ਦਿਨਸੁ ਰੈਨਾਰੇ ॥ ਮਨ ਗੁਰ ਮਿਲਿ ਕਾਜ ਸਵਾਰੇ ॥੧ ॥ ਰਹਾਉ ॥ ਕਰਉ ਬੇਨੰਤੀ ਸੁਨਹੁ ਮੇਰੇ ਮੀਤਾ ਸੰਤ ਟਹਲ ਕੀ ਬੇਲਾ ॥ ਈਹਾ ਖਾਟਿ ਚਲਹੁ ਹਰਿ ਲਾਹਾ ਆਗੈ ਬਸਨੁ ਸੁਹੇਲਾ ॥੧॥ ਇਹੁ ਸੰਸਾਰੁ ਬਿਕਾਰੁ ਸਹਸੇ ਮਹਿ ਤਰਿਓ ਬ੍ਰਹਮ ਗਿਆਨੀ ॥ ਜਿਸਹਿ ਜਗਾਇ ਪੀਆਏ ਹਰਿ ਰਸੁ ਅਕਥ ਕਥਾ ਤਿਨਿ ਜਾਨੀ ॥੨ ॥ ਜਾ ਕਉ ਆਏ ਸੋਈ ਵਿਹਾਝਹੁ ਹਰਿ ਗੁਰ ਤੇ ਮਨਹਿ ਬਸੇਰਾ ॥ ਨਿਜ ਘਰਿ ਮਹਲੁ ਪਾਵਹੁ ਸੁਖ ਸਹਜੇ ਬਹੁਰਿ ਨ ਹੋਇਗੋ ਫੇਰਾ ॥੩॥ ਅੰਤਰਜਾਮੀ ਪੁਰਖ ਬਿਧਾਤੇ ਸਰਧਾ ਮਨ ਕੀ ਪੂਰੇ ॥ ਨਾਨਕੁ ਦਾਸੁ ਇਹੀ ਸੁਖੁ ਮਾਗੈ ਮੋ ਕਉ ਕਰਿ ਸੰਤਨ ਕੀ ਧੂਰੇ ॥੪॥੩॥੧੨੪॥ {ਪੰਨਾ 205}**

ਪਦਅਰਥ:- ਅਉਧ—ਉਮਰ। ਰੈਨਾ—ਰਾਤ। ਰੇ—ਹੇ ਭਾਈ! ਮਨ—ਹੇ ਮਨ! ਮਿਲਿ—ਮਿਲ ਕੇ। ਸਵਾਰੇ—ਸਵਾਰਿ।1। ਰਹਾਉ।

ਕਰਉ—ਕਰਉਂ, ਮੈਂ ਕਰਦਾ ਹਾਂ। ਮੀਤਾ—ਹੇ ਮਿੱਤਰ! ਬੇਲਾ—ਵੇਲਾ, ਸਮਾ। ਈਹਾ—ਇੱਥੇ, ਇਸ ਲੋਕ ਵਿਚ। ਲਾਹਾ—ਲਾਭ। ਆਗੈ—ਪਰਲੋਕ ਵਿਚ। ਸੁਹੇਲਾ—ਸੌਖਾ। ਬਸਨੁ—ਵਾਸ।1।

ਸਹਸੇ ਮਹਿ—ਚਿੰਤਾ-ਫ਼ਿਕਰ ਵਿਚ। ਬ੍ਰਹਮ ਗਿਆਨੀ—ਪਰਮਾਤਮਾ ਨਾਲ ਡੂੰਘੀ ਸਾਂਝ ਪਾਣ ਵਾਲਾ। ਜਿਸਹਿ—ਜਿਸ ਮਨੁੱਖ ਨੂੰ। ਪੀਆਏ—ਪਿਲਾਂਦਾ ਹੈ। ਅਕਥ ਕਥਾ—ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ। ਤਿਨਿ—ਉਸ (ਮਨੁੱਖ) ਨੇ।2।

ਜਾ ਕਉ—ਜਿਸ ਦੀ ਖ਼ਾਤਰ। ਵਿਹਾਝਹੁ—ਖ਼ਰੀਦੋ। ਤੇ—ਤੋਂ। ਗੁਰ ਤੇ—ਗੁਰੂ ਦੀ ਸਹਾਇਤਾ ਨਾਲ। ਮਨਹਿ—ਮਨ ਵਿਚ। ਹਰਿ ਬਸੇਰਾ—ਹਰੀ ਦਾ ਨਿਵਾਸ। ਨਿਜ ਘਰਿ—ਆਪਣੇ ਹਿਰਦੇ-ਘਰ ਵਿਚ। ਮਹਲੁ—ਪਰਮਾਤਮਾ ਦਾ ਟਿਕਾਣਾ।3।

ਬਿਧਾਤੇ—ਹੇ ਕਰਤਾਰ! ਪੂਰੇ—ਪੂਰਿ, ਪੂਰੀ ਕਰ। ਮੋ ਕਉ—ਮੈਨੂੰ। ਧੂਰੇ—ਧੂਰਿ, ਚਰਨ-ਧੂੜ।4।

ਅਰਥ:- ਹੇ ਭਾਈ! (ਤੇਰੀ) ਉਮਰ (ਇਕ ਇਕ) ਦਿਨ (ਇਕ ਇਕ) ਰਾਤ ਕਰ ਕੇ ਘਟਦੀ ਜਾ ਰਹੀ ਹੈ। ਹੇ ਮਨ! (ਜਿਸ ਕੰਮ ਲਈ ਤੂੰ ਜਗਤ ਵਿਚ ਆਇਆ ਹੈਂ, ਆਪਣੇ ਉਸ) ਕੰਮ ਨੂੰ ਗੁਰੂ ਨੂੰ ਮਿਲ ਕੇ ਸਿਰੇ ਚਾੜ੍ਹ।1। ਰਹਾਉ।

ਹੇ ਮੇਰੇ ਮਿੱਤਰ! ਸੁਣ, ਮੈਂ (ਤੇਰੇ ਅੱਗੇ) ਬੇਨਤੀ ਕਰਦਾ ਹਾਂ (ਇਹ ਮਨੁੱਖਾ ਜਨਮ) ਸੰਤਾਂ ਦੀ ਟਹਲ ਕਰਨ ਦਾ ਸਮਾ ਹੈ। ਇਥੋਂ ਹਰਿ-ਨਾਮ ਦਾ ਲਾਭ ਖੱਟ ਕੇ ਤੁਰੋ, ਪਰਲੋਕ ਵਿਚ ਸੌਖਾ ਵਾਸ ਪ੍ਰਾਪਤ ਹੋਵੇਗਾ।1।

(ਹੇ ਭਾਈ!) ਇਹ ਜਗਤ ਵਿਕਾਰ-ਰੂਪ ਬਣਿਆ ਪਿਆ ਹੈ (ਵਿਕਾਰਾਂ ਨਾਲ ਭਰਪੂਰ ਹੈ, ਵਿਕਾਰਾਂ ਵਿਚ ਫਸ ਕੇ ਜੀਵ) ਚਿੰਤਾ-ਫ਼ਿਕਰਾਂ ਵਿਚ (ਡੁੱਬੇ ਰਹਿੰਦੇ ਹਨ)। ਜਿਸ ਮਨੁੱਖ ਨੇ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ ਹੈ, ਉਹ (ਇਸ ਸੰਸਾਰ-ਸਮੁੰਦਰ ਵਿਚੋਂ) ਪਾਰ ਲੰਘ ਜਾਂਦਾ ਹੈ। ਜਿਸ ਮਨੁੱਖ ਨੂੰ (ਪਰਮਾਤਮਾ ਵਿਕਾਰਾਂ ਦੀ ਨੀਂਦ ਵਿਚੋਂ) ਸੁਚੇਤ ਕਰਦਾ ਹੈ, ਉਸ ਨੂੰ ਆਪਣਾ ਹਰਿ-ਨਾਮ-ਰਸ ਪਿਲਾਂਦਾ ਹੈ। ਉਸ ਮਨੁੱਖ ਨੇ ਫਿਰ ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਾਲ ਡੂੰਘੀ ਸਾਂਝ ਪਾ ਲਈ ਹੈ ਜਿਸ ਦਾ ਮੁਕੰਮਲ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।2।

ਹੇ ਭਾਈ! ਜਿਸ (ਨਾਮ-ਪਦਾਰਥ ਦੇ ਖ਼ਰੀਦਣ) ਵਾਸਤੇ (ਜਗਤ ਵਿਚ) ਆਏ ਹੋ, ਉਹ ਸੌਦਾ ਖ਼ਰੀਦੋ। ਗੁਰੂ ਦੀ ਕਿਰਪਾ ਨਾਲ ਹੀ ਪਰਮਾਤਮਾ ਦਾ ਵਾਸ ਮਨ ਵਿਚ ਹੋ ਸਕਦਾ ਹੈ। ਹੇ ਭਾਈ! (ਗੁਰੂ ਦੀ ਸਰਨ ਪੈ ਕੇ) ਆਤਮਕ ਅਡੋਲਤਾ ਦੇ ਆਨੰਦ ਵਿਚ ਟਿਕ ਕੇ ਆਪਣਾ ਹਿਰਦੇ-ਘਰ ਵਿਚ ਪਰਮਾਤਮਾ ਦਾ ਟਿਕਾਣਾ ਲੱਭੋ। ਇਸ ਤਰ੍ਹਾਂ ਮੁੜ ਜਨਮ ਮਰਨ ਦਾ ਗੇੜ ਨਹੀਂ ਮਿਲੇਗਾ।3।

ਹੇ ਅੰਤਰਜਾਮੀ ਸਰਬ-ਵਿਆਪਕ ਕਰਤਾਰ! ਮੇਰੇ ਮਨ ਦੀ ਸਰਧਾ ਪੂਰੀ ਕਰ। ਤੇਰਾ ਦਾਸ ਨਾਨਕ ਤੈਥੋਂ ਇਹੀ ਸੁਖ ਮੰਗਦਾ ਹੈ—ਮੈਨੂੰ ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣਾ ਦੇ।4।3। 124।